ਗੂਜਰੀ ਮਹਲਾ ੫ ਪੰਚਪਦਾ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਪ੍ਰਥਮੇ ਗਰਭ ਮਾਤਾ ਕੈ ਵਾਸਾ ਊਹਾ ਛੋਡਿ ਧਰਨਿ ਮਹਿ ਆਇਆ ॥ ਚਿਤ੍ਰ ਸਾਲ ਸੁੰਦਰ ਬਾਗ ਮੰਦਰ ਸੰਗਿ ਨ ਕਛਹੂ ਜਾਇਆ ॥ ੧॥ ਅਵਰ ਸਭ ਮਿਥਿਆ ਲੋਭ ਲਬੀ ॥ ਗੁਰਿ ਪੂਰੈ ਦੀਓ ਹਰਿ ਨਾਮਾ ਜੀਅ ਕਉ ਏਹਾ ਵਸਤੁ ਫਬੀ ॥੧॥ ਰਹਾਉ ॥ ਇਸਟ ਮੀਤ ਬੰਧਪ ਸੁਤ ਭਾਈ ਸੰਗਿ ਬਨਿਤਾ ਰਚਿ ਹਸਿਆ ॥ ਜਬ ਅੰਤੀ ਅਉਸਰੁ ਆਇ ਬਨਿਓ ਹੈ ਉਨ੍ਹ ਪੇਖਤ ਹੀ ਕਾਲਿ ਗ੍ਰਸਿਆ ॥੨॥ ਕਰਿ ਕਰਿ ਅਨਰਥ ਬਿਹਾਝੀ ਸੰਪੈ ਸੁਇਨਾ ਰੂਪਾ ਦਾਮਾ ॥ ਭਾੜੀ ਕਉ ਓਹੁ ਭਾੜਾ ਮਿਲਿਆ ਹੋਰੁ ਸਗਲ ਭਇਓ ਬਿਰਾਨਾ ॥ ੩॥ ਹੈਵਰ ਗੈਵਰ ਰਥ ਸੰਬਾਹੇ ਗਹੁ ਕਰਿ ਕੀਨੇ ਮੇਰੇ ॥ ਜਬ ਤੇ ਹੋਈ ਲਾਂਮੀ ਧਾਈ ਚਲਹਿ ਨਾਹੀ ਇਕ ਪੈਰੇ ॥੪॥ ਨਾਮੁ ਧਨੁ ਨਾਮੁ ਸੁਖ ਰਾਜਾ ਨਾਮੁ ਕੁਟੰਬ ਸਹਾਈ ॥ ਨਾਮੁ ਸੰਪਤਿ ਗੁਰਿ ਨਾਨਕ ਕਉ ਦੀਈ ਓਹ ਮਰੈ ਨ ਆਵੈ ਜਾਈ ॥੫॥੧॥੮॥ {ਪੰਨਾ 497}

ਪੰਚਪਦਾ—ਪੰਜ ਬੰਦਾਂ ਵਾਲਾ ਸ਼ਬਦ।

ਪਦਅਰਥ:- ਪ੍ਰਥਮੇ—ਪਹਿਲਾਂ। ਊਹਾ—ਉਹ ਥਾਂ। ਧਰਨਿ—ਧਰਤੀ। ਚਿਤ੍ਰ—ਤਸਵੀਰਾਂ। ਚਿਤ੍ਰਸਾਲ—ਤਸਵੀਰਾਂ ਨਾਲ ਸਜੇ ਹੋਏ ਮਹਲ। ਸੰਗਿ—ਨਾਲ। ਕਛਹੂ—ਕੁਝ ਭੀ।1।

ਮਿਥਿਆ—ਝੂਠਾ। ਗੁਰਿ ਪੂਰੈ—ਪੂਰੇ ਗੁਰੂ ਨੇ। ਜੀਅ ਕਉ—ਜਿੰਦ ਵਾਸਤੇ। ਫਬੀ—ਸੁਖਾਵੀਂ।1। ਰਹਾਉ।

ਇਸਟ—ਪਿਆਰੇ। ਬੰਧਪ—ਰਿਸ਼ਤੇਦਾਰ। ਸੁਤ—ਪੁੱਤਰ। ਬਨਿਤਾ—ਇਸਤ੍ਰੀ। ਰਚਿ—ਰਚ-ਮਿਚ ਕੇ, ਗੂੜਾ ਪਿਆਰ ਪਾ ਕੇ। ਅੰਤੀ ਅਉਸਰੁ—ਅਖ਼ੀਰਲਾ ਸਮਾਂ, ਮੌਤ ਦੀ ਘੜੀ। ਕਾਲਿ—ਮੌਤ ਨੇ। ਗ੍ਰਸਿਆ—ਆ ਫੜਿਆ।2।

ਅਨਰਥ—ਧੱਕੇ, ਪਾਪ। ਸੰਪੈ—ਦੌਲਤ। ਰੂਪਾ—ਚਾਂਦੀ। ਦਾਮਾ—ਦਮੜੇ। ਭਾੜੀ—ਮਜ਼ਦੂਰ।3।

ਹੈਵਰ—ਸੋਹਣੇ ਘੋੜੇ {ਹਯ ਵਰ}। ਗੈਵਰ—ਸੋਹਣੇ ਹਾਥੀ {ਗਜ ਵਰ}। ਸੰਬਾਹੇ—ਇਕੱਠੇ ਕੀਤੇ। ਗਹੁ ਕਰਿ—ਧਿਆਨ ਨਾਲ। ਕੀਨੇ ਮੇਰੇ—ਆਪਣੇ ਬਣਾਏ। ਲਾਂਮੀ ਧਾਈ—ਲੰਮਾ ਕੂਚ।4।

ਸੁਖ ਰਾਜਾ—ਸੁਖਾਂ ਦਾ ਰਾਜਾ, ਸੁਖਦਾਤਾ। ਕੁਟੰਬ—ਪਰਵਾਰ। ਸਹਾਈ—ਸਾਥੀ। ਸੰਪਤਿ—ਦੌਲਤ। ਗੁਰਿ—ਗੁਰੂ ਨੇ। ਕਉ—ਨੂੰ।5।

ਅਰਥ:- ਹੇ ਭਾਈ! ਹੋਰ ਸਾਰੇ ਲੋਭ ਲਾਲਚ ਝੂਠੇ ਹਨ। (ਜੇ ਕਿਸੇ ਮਨੁੱਖ ਨੂੰ ਪੂਰੇ ਗੁਰੂ ਨੇ ਪਰਮਾਤਮਾ ਦਾ ਨਾਮ ਦੇ ਦਿੱਤਾ, ਤਾਂ ਇਹ ਨਾਮ ਹੀ (ਉਸ ਦੀ) ਜਿੰਦ ਵਾਸਤੇ ਸੁਖਾਵੀਂ ਚੀਜ਼ ਹੈ।1। ਰਹਾਉ।

ਹੇ ਭਾਈ! ਜੀਵ ਪਹਿਲਾਂ ਮਾਂ ਦੇ ਪੇਟ ਵਿਚ ਆ ਨਿਵਾਸ ਕਰਦਾ ਹੈ, (ਫਿਰ) ਉਹ ਥਾਂ ਛੱਡ ਕੇ ਧਰਤੀ ਤੇ ਆਉਂਦਾ ਹੈ। (ਇਥੇ) ਚਿਤ੍ਰੇ ਹੋਏ ਮਹਲ-ਮਾੜੀਆਂ ਤੇ ਸੋਹਣੇ ਬਾਗ (ਵੇਖ ਵੇਖ ਕੇ ਖ਼ੁਸ਼ ਹੁੰਦਾ ਹੈ, ਪਰ ਇਹਨਾਂ ਵਿਚੋਂ) ਕੋਈ ਭੀ ਚੀਜ਼ (ਅਖ਼ੀਰ ਵੇਲੇ ਜੀਵ ਦੇ) ਨਾਲ ਨਹੀਂ ਜਾਂਦੀ।1।

ਹੇ ਭਾਈ! ਪਿਆਰੇ ਮਿੱਤਰ, ਰਿਸ਼ਤੇਦਾਰ, ਪੁੱਤਰ, ਭਰਾ, ਇਸਤ੍ਰੀ—ਇਹਨਾਂ ਨਾਲ ਗੂੜਾ ਪਿਆਰ ਪਾ ਕੇ ਜੀਵ ਹੱਸਦਾ-ਖੇਡਦਾ ਰਹਿੰਦਾ ਹੈ, ਪਰ ਜਿਸ ਵੇਲੇ ਅੰਤਲਾ ਸਮਾ ਆ ਪੁੱਜਦਾ ਹੈ, ਉਹਨਾਂ ਸਭਨਾਂ ਦੇ ਵੇਂਹਦਿਆਂ ਵੇਂਹਦਿਆਂ ਮੌਤ ਨੇ ਆ ਫੜਨਾ ਹੁੰਦਾ ਹੈ।2।

(ਹੇ ਭਾਈ! ਸਾਰੀ ਉਮਰ) ਧੱਕੇ ਜ਼ੁਲਮ ਕਰ ਕਰ ਕੇ ਮਨੁੱਖ ਦੌਲਤ ਸੋਨਾ ਚਾਂਦੀ ਰੁਪਏ ਇਕੱਠੇ ਕਰਦਾ ਰਹਿੰਦਾ ਹੈ (ਜਿਵੇਂ ਕਿਸੇ) ਮਜ਼ਦੂਰ ਨੂੰ ਮਜ਼ਦੂਰੀ (ਮਿਲ ਜਾਂਦੀ ਹੈ ਤਿਵੇਂ, ਦੌਲਤ ਇਕੱਠੀ ਕਰਨ ਵਾਲੇ ਨੂੰ) ਉਹ (ਹਰ ਰੋਜ਼ ਦਾ

ਖਾਣ-ਪੀਣ) ਮਜ਼ਦੂਰੀ ਮਿਲਦੀ ਰਹੀ, ਬਾਕੀ ਸਾਰਾ ਧਨ (ਮਰਨ ਵੇਲੇ) ਬਿਗਾਨਾ ਹੋ ਜਾਂਦਾ ਹੈ।3।

ਹੇ ਭਾਈ! ਮਨੁੱਖ ਸੋਹਣੇ ਘੋੜੇ ਵਧੀਆ ਹਾਥੀ ਰਥ (ਆਦਿਕ) ਇਕੱਠੇ ਕਰਦਾ ਰਹਿੰਦਾ ਹੈ, ਪੂਰੇ ਧਿਆਨ ਨਾਲ ਇਹਨਾਂ ਨੂੰ ਆਪਣੀ ਮਲਕੀਅਤ ਬਣਾਂਦਾ ਰਹਿੰਦਾ ਹੈ, ਪਰ ਜਦੋਂ ਲੰਮਾ ਕੂਚ ਹੁੰਦਾ ਹੈ (ਇਹ ਘੋੜੇ ਆਦਿਕ) ਇਕ ਪੈਰ ਭੀ (ਮਨੁੱਖ ਦੇ ਨਾਲ) ਨਹੀਂ ਤੁਰਦੇ।4।

ਹੇ ਭਾਈ! ਪਰਮਾਤਮਾ ਦਾ ਨਾਮ ਹੀ ਮਨੁੱਖ ਦਾ ਅਸਲ ਧਨ ਹੈ, ਨਾਮ ਹੀ ਸੁਖਦਾਤਾ ਹੈ, ਨਾਮ ਹੀ ਪਰਵਾਰ ਹੈ, ਨਾਮ ਹੀ ਸਾਥੀ ਹੈ। ਗੁਰੂ ਨੇ (ਮੈਨੂੰ) ਨਾਨਕ ਨੂੰ ਇਹ ਹਰਿ-ਨਾਮ-ਦੌਲਤ ਹੀ ਦਿੱਤੀ ਹੈ। ਇਹ ਦੌਲਤ ਕਦੇ ਮੁੱਕਦੀ ਨਹੀਂ, ਕਦੇ ਗੁਆਚਦੀ ਨਹੀਂ।5।1।8।

ਨੋਟ:- ਪੰਚਪਦਾ—1 (ਅੰਕ 1)

ਮ: 5 ਦੇ ਕੁਲ ਸ਼ਬਦ—8 (ਅੰਕ 8)